ਭੈਰਉ ਮਹਲਾ ੩ ॥ ਮਨਮੁਖਿ ਦੁਬਿਧਾ ਸਦਾ ਹੈ ਰੋਗੀ ਰੋਗੀ ਸਗਲ ਸੰਸਾਰਾ ॥ ਗੁਰਮੁਖਿ ਬੂਝਹਿ ਰੋਗੁ ਗਵਾਵਹਿ ਗੁਰ ਸਬਦੀ ਵੀਚਾਰਾ ॥ ੧॥ ਹਰਿ ਜੀਉ ਸਤਸੰਗਤਿ ਮੇਲਾਇ ॥ ਨਾਨਕ ਤਿਸ ਨੋ ਦੇਇ ਵਡਿਆਈ ਜੋ ਰਾਮ ਨਾਮਿ ਚਿਤੁ ਲਾਇ ॥ ੧॥ ਰਹਾਉ ॥ ਮਮਤਾ ਕਾਲਿ ਸਭਿ ਰੋਗਿ ਵਿਆਪੇ ਤਿਨ ਜਮ ਕੀ ਹੈ ਸਿਰਿ ਕਾਰਾ ॥ ਗੁਰਮੁਖਿ ਪ੍ਰਾਣੀ ਜਮੁ ਨੇੜਿ ਨ ਆਵੈ ਜਿਨ ਹਰਿ ਰਾਖਿਆ ਉਰਿ ਧਾਰਾ ॥੨॥ ਜਿਨ ਹਰਿ ਕਾ ਨਾਮੁ ਨ ਗੁਰਮੁਖਿ ਜਾਤਾ ਸੇ ਜਗ ਮਹਿ ਕਾਹੇ ਆਇਆ ॥ ਗੁਰ ਕੀ ਸੇਵਾ ਕਦੇ ਨ ਕੀਨੀ ਬਿਰਥਾ ਜਨਮੁ ਗਵਾਇਆ ॥ ੩॥ ਨਾਨਕ ਸੇ ਪੂਰੇ ਵਡਭਾਗੀ ਸਤਿਗੁਰ ਸੇਵਾ ਲਾਏ ॥ ਜੋ ਇਛਹਿ ਸੋਈ ਫਲੁ ਪਾਵਹਿ ਗੁਰਬਾਣੀ ਸੁਖੁ ਪਾਏ ॥੪॥੨॥੧੨॥ {ਪੰਨਾ 1130}

ਪਦਅਰਥ:- ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ। ਦੁਬਿਧਾ ਰੋਗੀ—ਮੇਰ-ਤੇਰ ਦੇ ਰੋਗ ਵਿਚ ਫਸਿਆ ਹੋਇਆ। ਸਗਲ—ਸਾਰਾ। ਗੁਰਮਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ। ਬੂਝਹਿ—(ਸਹੀ ਜੀਵਨ-ਜੁਗਤਿ ਨੂੰ) ਸਮਝ ਲੈਂਦੇ ਹਨ। ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ।1।

ਹਰਿ ਜੀਉ—ਹੇ ਪ੍ਰਭੂ ਜੀ! ਨਾਨਕ—ਹੇ ਨਾਨਕ! ਤਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਦੇਇ—ਦੇਂਦਾ ਹੈ। ਨਾਮਿ—ਨਾਮ ਵਿਚ। ਲਾਇ—ਜੋੜਦਾ ਹੈ।1। ਰਹਾਉ।

ਕਾਲਿ—ਮੌਤ ਵਿਚ, ਆਤਮਕ ਮੌਤ ਵਿਚ। ਸਭਿ—ਸਾਰੇ ਜੀਵ। ਰੋਗਿ—(ਦੁਬਿਧਾ ਦੇ) ਰੋਗ ਵਿਚ। ਵਿਆਪੇ—ਗ੍ਰਸੇ ਹੋਏ। ਸਿਰਿ—ਸਿਰ ਉਤੇ। ਕਾਰਾ—ਹਕੂਮਤ, ਦਬਦਬਾ। ਜਿਨ—ਜਿਨ੍ਹਾਂ ਨੇ। ਉਰਿ—ਹਿਰਦੇ ਵਿਚ।2।

ਗੁਰਮੁਖਿ—ਗੁਰੂ ਦੀ ਰਾਹੀਂ। ਜਾਤਾ—ਜਾਣਿਆ, ਡੂੰਘੀ ਸਾਂਝ ਪਾਈ। ਕਾਹੇ—ਕਾਹਦੇ ਲਈ? ਵਿਅਰਥ ਹੀ। ਕੀਨੀ—ਕੀਤੀ। ਬਿਰਥਾ—ਵਿਅਰਥ।3।

ਸੇ—ਉਹ ਮਨੁੱਖ {ਬਹੁ-ਵਚਨ}। ਇਛਹਿ—ਲੋੜਦੇ ਹਨ, ਚਾਹੁੰਦੇ ਹਨ, ਮੰਗਦੇ ਹਨ {ਬਹੁ-ਵਚਨ}। ਪਾਏ—ਪ੍ਰਾਪਤ ਕਰਦਾ ਹੈ {ਇਕ-ਵਚਨ}।4।

ਅਰਥ:- ਹੇ ਪ੍ਰਭੂ ਜੀ! (ਮੈਨੂੰ) ਸਾਧ ਸੰਗਤਿ ਦਾ ਮੇਲ ਮਿਲਾ। ਹੇ ਨਾਨਕ! (ਆਖ—ਹੇ ਭਾਈ!) ਜਿਹੜਾ ਮਨੁੱਖ (ਸਾਧ ਸੰਗਤਿ ਵਿਚ ਮਿਲ ਕੇ) ਪਰਮਾਤਮਾ ਦੇ ਨਾਮ ਵਿਚ (ਆਪਣਾ) ਚਿੱਤ ਜੋੜਦਾ ਹੈ (ਪਰਮਾਤਮਾ) ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਬਖ਼ਸ਼ਦਾ ਹੈ।1। ਰਹਾਉ।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਸਦਾ ਮੇਰ-ਤੇਰ ਦੇ ਰੋਗ ਵਿਚ ਫਸਿਆ ਰਹਿੰਦਾ ਹੈ, (ਮਨ ਦਾ ਮੁਰੀਦ) ਸਾਰਾ ਜਗਤ ਹੀ ਇਸ ਰੋਗ ਦਾ ਸ਼ਿਕਾਰ ਹੋਇਆ ਰਹਿੰਦਾ ਹੈ। ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਸਹੀ ਜੀਵਨ-ਜੁਗਤਿ ਨੂੰ) ਸਮਝ ਲੈਂਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਵਿਚਾਰ ਕਰ ਕੇ ਉਹ (ਇਹ) ਰੋਗ (ਆਪਣੇ ਅੰਦਰੋਂ) ਦੂਰ ਕਰ ਲੈਂਦੇ ਹਨ।1।

ਹੇ ਭਾਈ! ਮਮਤਾ ਵਿਚ ਫਸੇ ਹੋਏ ਜੀਵ ਸਾਰੇ ਆਤਮਕ ਮੌਤ ਦੇ ਰੋਗ ਵਿਚ ਫਸੇ ਰਹਿੰਦੇ ਹਨ, ਉਹਨਾਂ ਦੇ ਸਿਰ ਉਤੇ (ਮਾਨੋ) ਜਮਰਾਜ ਦਾ ਹੁਕਮ ਚੱਲ ਰਿਹਾ ਹੈ। ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ (ਦੀ ਯਾਦ) ਨੂੰ ਆਪਣੇ ਹਿਰਦੇ ਵਿਚ ਵਸਾ ਰੱਖਿਆ ਹੈ, ਜਮਰਾਜ ਉਹਨਾਂ ਦੇ ਨੇੜੇ ਨਹੀਂ ਢੁਕਦਾ।2।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਈ, ਉਹਨਾਂ ਦਾ ਜਗਤ ਵਿਚ ਆਉਣਾ ਵਿਅਰਥ ਚਲਾ ਜਾਂਦਾ ਹੈ। ਜਿਨ੍ਹਾਂ ਨੇ ਕਦੇ ਭੀ ਗੁਰੂ ਦੀ ਸੇਵਾ ਨਹੀਂ ਕੀਤੀ, ਉਹਨਾਂ ਨੇ ਜੀਵਨ ਅਜਾਈਂ ਹੀ ਗਵਾ ਲਿਆ।3।

ਹੇ ਨਾਨਕ! ਉਹ ਮਨੁੱਖ (ਗੁਣਾਂ ਦੇ) ਪੂਰੇ (ਭਾਂਡੇ) ਹਨ, ਵੱਡੇ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ (ਪਰਮਾਤਮਾ ਨੇ) ਗੁਰੂ ਦੀ

ਸੇਵਾ ਵਿਚ ਜੋੜ ਦਿੱਤਾ ਹੈ, ਉਹ ਮਨੁੱਖ (ਪਰਮਾਤਮਾ ਪਾਸੋਂ) ਜੋ ਕੁਝ ਮੰਗਦੇ ਹਨ ਉਹੀ ਪ੍ਰਾਪਤ ਕਰ ਲੈਂਦੇ ਹਨ। ਹੇ ਭਾਈ! ਜਿਹੜਾ ਭੀ ਮਨੁੱਖ ਗੁਰੂ ਦੀ ਬਾਣੀ ਦਾ ਆਸਰਾ ਲੈਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ।4।2।12।